World Punjabi News Network
WORLD PUNJABI ਪੰਜਾਬੀ | پنجابی NEWS
ਲੋਕ ਹਿੱਤ ਵਿੱਚ ਪੱਤਰਕਾਰੀ
@worldpunjabinews
@worldpunjabinewstv
@wpunjabinews
@worldpunjabinews
@worldpunjabinews



# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੱਲੋਂ ਪੰਜਾਬ ਵਿੱਚ 165 ਹੋਰ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ

## ਕੇਜਰੀਵਾਲ ਵੱਲੋਂ 829 ਆਮ ਆਦਮੀ ਕਲੀਨਿਕ ਸਥਾਪਤ ਕਰਕੇ ਸਿਹਤ ਕ੍ਰਾਂਤੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਕਰਨ ਲਈ ਪੰਜਾਬ ਦੇ ਮੁੱਖ ਮੰਤਰੀ ਦੀ ਭਰਵੀਂ ਸ਼ਲਾਘਾ

**ਜਲੰਧਰ।** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਅੱਜ ਸੂਬੇ ਵਿੱਚ 165 ਹੋਰ ਆਮ ਆਦਮੀ ਕਲੀਨਿਕ ਪੰਜਾਬ ਵਾਸੀਆਂ ਨੂੰ ਸਮਰਪਿਤ ਕੀਤੇ ਜਿਸ ਨਾਲ ਪੰਜਾਬ ਭਰ ਵਿੱਚ ਕੁੱਲ 829 ਕਲੀਨਿਕਾਂ ਦੇ ਕਾਰਜਸ਼ੀਲ ਹੋਣ ਨਾਲ ਨਵੀਂ ਸਿਹਤ ਕ੍ਰਾਂਤੀ ਦਾ ਆਗਾਜ਼ ਹੋਇਆ। ਦੋਵਾਂ ਮੁੱਖ ਮੰਤਰੀਆਂ ਨੇ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਇੱਕੋ-ਇੱਕ ਉਦੇਸ਼ ਨਾਲ ਅੱਜ ਇੱਥੇ ਕਲੀਨਿਕਾਂ ਨੂੰ ਸਮਰਪਿਤ ਕੀਤਾ। ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਨਾਲ ਹੁਣ ਸੂਬੇ ਵਿੱਚ 829 ਆਮ ਆਦਮੀ ਕਲੀਨਿਕ ਲੋਕਾਂ ਨੂੰ ਮੁਫਤ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਕਾਰਜਸ਼ੀਲ ਹਨ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਨੂੰ ਸਮਰਪਿਤ ਕੀਤੇ ਗਏ ਇਹ ਕਲੀਨਿਕ ਉਨ੍ਹਾਂ ਲਈ ਵਰਦਾਨ ਸਾਬਤ ਹੋ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਕਲੀਨਿਕ ਪਹਿਲਾਂ ਹੀ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਮੁਹਈਆ ਕਰਨ ਵਿੱਚ ਬਹੁਤ ਸਹਾਈ ਸਿੱਧ ਹੋਏ ਹਨ।ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਅਤਿ ਆਧੁਨਿਕ ਬੁਨਿਆਦੀ ਢਾਂਚੇ ਨਾਲ ਲੈਸ ਇਹ ਕਲੀਨਿਕ ਲੋਕਾਂ ਨੂੰ ਵਿਸ਼ਵ ਪੱਧਰੀ ਇਲਾਜ ਅਤੇ ਜਾਂਚ ਦੀਆਂ ਸਹੂਲਤਾਂ ਮੁਫ਼ਤ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਹੁਣ ਤੱਕ ਸੂਬੇ ਭਰ ਵਿੱਚ ਇਕ ਕਰੋੜ ਤੋਂ ਵੱਧ ਮਰੀਜ਼ ਇਨ੍ਹਾਂ ਆਮ ਆਦਮੀ ਕਲੀਨਿਕਾਂ ਤੋਂ ਇਲਾਜ ਕਰਵਾ ਚੁੱਕੇ ਹਨ। ਇਸੇ ਤਰ੍ਹਾਂ ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਇਨ੍ਹਾਂ ਕਲੀਨਿਕਾਂ ਵਿੱਚ ਕੁੱਲ 41 ਕਿਸਮ ਦੇ ਜਾਂਚ ਟੈਸਟ ਮੁਫ਼ਤ ਕੀਤੇ ਜਾ ਰਹੇ ਹਨ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸਭ ਤੋਂ ਵੱਧ ਇਨ੍ਹਾਂ ਕਲੀਨਿਕਾਂ ਨੇ ਸੂਬੇ ਵਿੱਚ ਪ੍ਰਚਲਿਤ ਵੱਖ-ਵੱਖ ਬਿਮਾਰੀਆਂ ਦੀ ਜਾਂਚ ਕਰਨ ਅਤੇ ਇਨ੍ਹਾਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਮੁਕਾਬਲਾ ਕਰਨ ਲਈ ਡਾਟਾਬੇਸ ਤਿਆਰ ਕਰਨ ਵਿੱਚ ਸਰਕਾਰ ਦੀ ਮਦਦ ਕੀਤੀ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਲੀਨਿਕਾਂ ਵਿੱਚ ਮਰੀਜ਼ਾਂ ਨੂੰ ਦਵਾਈਆਂ ਮੁਫ਼ਤ ਦਿੱਤੀਆਂ ਜਾ ਰਹੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਕਲੀਨਿਕਾਂ ਨੇ ਸੂਬੇ ਦੇ ਸਿਹਤ ਸੰਭਾਲ ਖੇਤਰ ਵਿੱਚ ਕ੍ਰਾਂਤੀ ਲਿਆ ਦਿੱਤੀ ਹੈ ਕਿਉਂਕਿ ਇਨ੍ਹਾਂ ਕਲੀਨਿਕਾਂ ਵਿੱਚ ਰੋਜ਼ਾਨਾ ਆਉਣ ਵਾਲੇ 95% ਤੋਂ ਵੱਧ ਮਰੀਜ਼ ਆਪਣੀਆਂ ਬਿਮਾਰੀਆਂ ਤੋਂ ਠੀਕ ਹੋ ਜਾਂਦੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਅੱਜ ਸੂਬੇ ਦੇ ਸਿਹਤ ਖੇਤਰ ਵਿੱਚ ਇਤਿਹਾਸਕ ਦਿਨ ਹੈ ਕਿਉਂਕਿ ਅੱਜ 165 ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕੀਤੇ ਗਏ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਅਜਿਹੇ ਹੋਰ ਕਲੀਨਿਕ ਸਮਰਪਿਤ ਕੀਤੇ ਜਾਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਿੱਖਿਆ, ਸਿਹਤ ਅਤੇ ਬਿਜਲੀ ਖੇਤਰ ਵਿੱਚ ਦਿੱਲੀ ਸਰਕਾਰ ਦੀਆਂ ਪਹਿਲਕਦਮੀਆਂ ਨੂੰ ਪੰਜਾਬ ਵਿੱਚ ਵੀ ਦੁਹਰਾਇਆ ਗਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਭਾਵੇਂ ਦਿੱਲੀ ਵਾਂਗ ਪੰਜਾਬ ਲਈ ਕੇਂਦਰ ਵੱਲੋਂ ਫੰਡ ਰੋਕ ਦਿੱਤੇ ਗਏ ਹਨ ਪਰ ਫਿਰ ਵੀ ਸੂਬਾ ਸਰਕਾਰ ਆਮ ਲੋਕਾਂ ਦੇ ਭਲੇ ਲਈ ਅਣਥੱਕ ਮਿਹਨਤ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਇੱਕ ਕ੍ਰਾਂਤੀਕਾਰੀ ਕਦਮ ਹੈ ਜੋ ਲੋਕਾਂ ਨੂੰ ਵੱਡੇ ਪੱਧਰ 'ਤੇ ਲਾਭ ਪਹੁੰਚਾਉਣ ਲਈ ਅੱਗੇ ਵਧੇਗਾ।



## ਸ਼ਾਹ ਤੇ ਨੱਢਾ ਵੱਲੋਂ ਜੈਅੰਤ ਚੌਧਰੀ ਦਾ ਐੱਨਡੀਏ ’ਚ ਸਵਾਗਤ



**ਨਵੀਂ ਦਿੱਲੀ।** ਰਾਸ਼ਟਰੀ ਲੋਕ ਦਲ (ਆਰਐੈੱਲਡੀ) ਆਗੂ ਜੈਅੰਤ ਚੌਧਰੀ ਨੇ ਅੱਜ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਭਾਜਪਾ ਦੇ ਕੌਮੀ ਪ੍ਰਧਾਨ ਜੇ ਪੀ ਨੱਢਾ ਨਾਲ ਮੁਲ-ਾਕਾਤ ਕੀਤੀ ਅਤੇ ਉਹ ਰਸਮੀ ਤੌਰ ’ਤੇ ਕੌਮੀ ਜਮਹੂਰੀ ਗੱਠਜੋੜ (ਐੱਨਡੀਏ) ਵਿੱਚ ਸ਼ਾਮਲ ਹੋ ਗਏ। ਸ਼ਾਹ ਤੇ ਨੱਢਾ ਨੇ ਉਨ੍ਹਾਂ ਦਾ ਐੱਨਡੀਏ ਵਿੱਚ ਸਵਾਗਤ ਕੀਤਾ। ਨੱਢਾ ਨੇ ਇਹ ਜਾਣਕਾਰੀ ਸੋਸ਼ਲ ਮੀਡੀਆ ਪਲੈਟਫਾਰਮ ‘ਐਕਸ’ ’ਤੇ ਦਿੱਤੀ। ਹੁਣ ਤੱਕ ਵਿਰੋਧੀ ਧਿਰਾਂ ਦੇ ‘ਇੰਡੀਆ’ ਗੱਠਜੋੜ ਦਾ ਹਿੱਸਾ ਰਹੇ ਜੈਅੰਤ ਦੀਆਂ ਹਾਲ ਹੀ ਵਿੱਚ ਭਾਜਪਾ ਨਾਲ ਨਜ਼ਦੀਕੀਆਂ ਵਧ ਗਈਆਂ ਸਨ। ਆਰਐੈੱਲਡੀ ਨੂੰ ਯੂਪੀ ਵਿੱਚ ਦੋ ਲੋਕ ਸਭਾ ਸੀਟਾਂ ਮਿਲਣ ਦੀ ਸੰਭਾਵਨਾ ਹੈ।

## ਸੱਤਾ ਵਿੱਚ ਆਉਣ ’ਤੇ ਕਿਸਾਨਾਂ ਨੂੰ ਐੱਮਐੱਸਪੀ ਦਿਆਂਗੇ: ਰਾਹੁਲ



**ਜੈਪੁਰ/ਭੋਪਾਲ।** ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਅੱਜ ਇੱਥੇ ਕਿਹਾ ਕਿ ਕੇਂਦਰ ਦੀ ਸੱਤਾ ਵਿੱਚ ਆਉਣ ’ਤੇ ਉਨ੍ਹਾਂ ਦੀ ਪਾਰਟੀ ਕਿਸਾਨਾਂ ਨੂੰ ਕਾਨੂੰਨੀ ਤੌਰ ’ਤੇ ਘੱਟੋ-ਘੱਟ ਸਮਰਥਨ ਮੁੱਲ (ਐੱਮਐੱਸਪੀ) ਦੇਵੇਗੀ। ‘ਭਾਰਤ ਜੋੜੋ ਨਿਆਏ ਯਾਤਰਾ’ ਦੇ ਮੱਧ ਪ੍ਰਦੇਸ਼ ਵਿੱਚ ਦਾਖ਼ਲ ਹੋਣ ਮਗਰੋਂ ਮੁਰੈਨਾ ਵਿੱਚ ਇੱਕ ਰੈਲੀ ਨੂੰ ਸੰਬੋਧਨ ਕਰਦਿਆਂ ਰਾਹੁਲ ਨੇ ਦੋਸ਼ ਲਾਇਆ ਕਿ ਕੇਂਦਰ ਦੀ ਭਾਜਪਾ ਸਰਕਾਰ ਨੇ ਦਸ ਤੋਂ 15 ਉਦਯੋਗਪਤੀਆਂ ਦੇ 16 ਲੱਖ ਕਰੋੜ ਰੁਪਏ ਦਾ ਵਿਆਜ ਮੁਆਫ ਕੀਤਾ ਪਰ ਕਿਸਾਨਾਂ ਨੂੰ ਐੱਮਐੱਸਪੀ ਦੇਣ ਤੋਂ ਨਾਂਹ ਕਰ ਦਿੱਤੀ। ਪੰਜਾਬ ਅਤੇ ਹਰਿਆਣਾ ਵਿੱਚ ਕਿਸਾਨ ਜਥੇਬੰਦੀਆਂ ਮੌਜੂਦਾ ਸਮੇਂ ਫ਼ਸਲਾਂ ਲਈ ਕਾਨੂੰਨੀ ਤੌਰ ’ਤੇ ਗਾਰੰਟੀਸ਼ੁਦਾ ਐੱਮਐੱਸਪੀ ਲਈ ਅੰਦੋਲਨ ਕਰ ਰਹੀਆਂ ਹਨ।

## ਰਿਸ਼ੀ ਸੁਨਕ ਨੇ ਬਰਤਾਨਵੀ ਜਮਹੂਰੀਅਤ ਦੀ ਰੱਖਿਆ ਲਈ ਭਾਵੁਕ ਅਪੀਲ ਕੀਤੀ



**ਲੰਡਨ।** ਬਰਤਾਨੀਆ ਦੇ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਨੇ ਦੇਸ਼ ਦੇ ਲੋਕਤੰਤਰ ਦੀ ਰੱਖਿਆ ਲਈ ਭਾਵੁਕ ਅਪੀਲ ਕਰਦਿਆਂ ਚਿਤਾਵਨੀ ਦਿੱਤੀ ਕਿ ਕੱਟੜਪੰਥੀ ਤਾਕਤਾਂ ਦੇਸ਼ ਨੂੰ ਤੋੜਨ ਅਤੇ ਇਸ ਦੀ ਬਹੁ-ਧਾਰਮਿਕ ਪਛਾਣ ਨੂੰ ਕਮਜ਼ੋਰ ਕਰਨ ‘ਤੇ ਤੁਲੀਆਂ ਹੋਈਆਂ ਹਨ। ਆਪਣੇ ਹਿੰਦੂ ਵਿਸ਼ਵਾਸਾਂ ਦਾ ਹਵਾਲਾ ਦਿੰਦੇ ਹੋਏ ਬਰਤਾਨੀਆ ਦੇ ਭਾਰਤੀ ਮੂਲ ਦੇ ਨੇਤਾ ਨੇ ਅੱਜ ਕਿਹਾ ਕਿ ਬਰਤਾਨੀਆ ਦੀਆਂ ਸਥਾਈ ਕਦਰਾਂ-ਕੀਮਤਾਂ ਸਾਰੇ ਧਰਮਾਂ ਅਤੇ ਨਸਲਾਂ ਦੇ ਪਰਵਾਸੀਆਂ ਨੂੰ ਸਵੀਕਾਰ ਕਰਨ ਲਈ ਹਨ ਅਤੇ ਪ੍ਰਦਰਸ਼ਨਕਾਰੀਆਂ ਨੂੰ ਇਹ ਯਕੀਨੀ ਬਣਾਉਣ ਦੀ ਅਪੀਲ ਕੀਤੀ ਕਿ ਸ਼ਾਂਤਮਈ ਪ੍ਰਦਰਸ਼ਨਾਂ ਨੂੰ ਕੱਟੜਪੰਥੀ ਤਾਕਤਾਂ ਆਪਣੇ ਹੱਥਾਂ ਵਿੱਚ ਨਾ ਲੈ ਲੈਣ। ਪ੍ਰਧਾਨ ਮੰਤਰੀ ਦੀ ਇਹ ਟਿੱਪਣੀ ਬਰਤਾਨਵੀ ਸੰਸਦ ਮੈਂਬਰਾਂ ਲਈ ਸੁਰੱਖਿਆ ਚਿੰਤਾਵਾਂ ਅਤੇ ਇਜ਼ਰਾਈਲ-ਹਮਾਸ ਸੰਘਰਸ਼ ਕਾਰਨ ਦੇਸ਼ ਵਿੱਚ ਵਿਸ਼ਾਲ ਮਾਰਚ ਦੌਰਾਨ ਹਿੰਸਾ ਦੇ ਬਾਅਦ ਆਈ ਹੈ।

## ਝਾਰਖੰਡ ’ਚ ਵਿਦੇਸ਼ੀ ਔਰਤ ਨਾਲ ਸਮੂਹਿਕ ਜਬਰ ਜਨਾਹ, 8 ਮੁਲਜ਼ਮਾਂ ’ਚੋਂ 3 ਕਾਬੂ



**ਦੁਮਕਾ।** ਝਾਰਖੰਡ ਦੇ ਦੁਮਕਾ ਜ਼ਿਲ੍ਹੇ ‘ਚ ਸਪੇਨ ਦੀ ਔਰਤ ਨਾਲ ਕਥਿਤ ਸਮੂਹਿਕ ਬਲਾਤਕਾਰ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲੀਸ ਨੇ ਦੱਸਿਆ ਕਿ ਘਟਨਾ ਦੇ ਸਬੰਧ ‘ਚ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਬਾਕੀ ਦੋਸ਼ੀਆਂ ਦੀ ਭਾਲ ਜਾਰੀ ਹੈ। ਸੂਤਰਾਂ ਮੁਤਾਬਕ ਵਾਰਦਾਤ ’ਚ 8 ਸਥਾਨਕ ਵਾਸੀ ਸ਼ਾਮਲ ਹਨ। ਇਹ ਘਟਨਾ ਸੂਬੇ ਦੀ ਰਾਜਧਾਨੀ ਰਾਂਚੀ ਤੋਂ ਕਰੀਬ 300 ਕਿਲੋਮੀਟਰ ਦੂਰ ਹੰਸਡੀਹਾ ਥਾਣਾ ਖੇਤਰ ਦੇ ਕੁਰੂਮਹਾਟ ‘ਚ ਸ਼ੁੱਕਰਵਾਰ ਰਾਤ ਨੂੰ ਵਾਪਰੀ, ਜਦੋਂ ਸਪੇਨ ਦਾ ਸੈਲਾਨੀ ਜੋੜਾ ਅਸਥਾਈ ਟੈਂਟ ‘ਚ ਰਾਤ ਲਈ ਆਰਾਮ ਕਰ ਰਿਹਾ ਸੀ। ਇਹ ਜੋੜਾ ਦੋਪਹੀਆ ਵਾਹਨ ਰਾਹੀਂ ਬੰਗਲਾਦੇਸ਼ ਤੋਂ ਦੁਮਕਾ ਪੁੱਜਿਆ ਸੀ ਤੇ ਬਿਹਾਰ ਹੁੰਦੇ ਹੋਏ ਨੇਪਾਲ ਜਾਣ ਦੀ ਤਿਆਰੀ ’ਚ ਸੀ।

# ਤਰਨ ਤਾਰਨ ਨੇੜੇ 'ਆਪ' ਆਗੂ ਦੀ ਗੋਲੀਆਂ ਮਾਰ ਕੇ ਹੱਤਿਆ



**ਤਰਨ ਤਾਰਨ।** ਆਮ ਆਦਮੀ ਪਾਰਟੀ ਦੇ ਆਗੂ ਗੁਰਪ੍ਰੀਤ ਸਿੰਘ ਗੋਪੀ (40) ਵਾਸੀ ਚੋਹਲਾ ਸਾਹਿਬ ਦੀ ਅੱਜ ਫਤਿਹਾਬਾਦ ਨੇੜੇ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ। ਉਹ ਇਕ ਕੇਸ ਦੀ ਪੇਸ਼ੀ ਭੁਗਤਣ ਲਈ ਕਪੂਰਥਲਾ ਅਦਾਲਤ ਵੱਲ ਜਾ ਰਿਹਾ ਸੀ ਪਰ ਇਸ ਦੌਰਾਨ ਫਤਿਹਾਬਾਦ ਦਾ ਰੇਲਵੇ ਫਾਟਕ ਬੰਦ ਹੋ ਗਿਆ ਤੇ ਉਹ ਫਾਟਕ ਖੁੱਲ੍ਹਣ ਦੀ ਉਡੀਕ ਕਰਨ ਲੱਗਾ। ਇਸ ਦੌਰਾਨ ਉਸ ਦੇ ਪਿੱਛੋਂ ਇਕ ਸਵਿਫਟ ਕਾਰ ਵਿਚ ਤਿੰਨ ਹਥਿਆਰਬੰਦ ਨੌਜਵਾਨ ਆਏ ਤੇ ਉਨ੍ਹਾਂ ਉਸ 'ਤੇ ਗੋਲੀਆਂ ਚਲਾ ਦਿੱਤੀਆਂ ਜੋ ਉਸ ਦੀ ਛਾਤੀ ਅਤੇ ਮੂੰਹ ਵਿਚ ਲੱਗੀਆਂ ਜਿਸ ਕਾਰਨ ਉਸ ਦੀ ਥਾਂ 'ਤੇ ਹੀ ਮੌਤ ਹੋ ਗਈਙ ਗੋਇੰਦਵਾਲ ਸਾਹਿਬ ਦੇ ਡੀਐੱਸਪੀ ਰਵੀਸ਼ੇਰ ਸਿੰਘ ਨੇ ਦੱਸਿਆ ਕਿ ਫਾਟਕ ਬੰਦ ਹੋਣ ਕਾਰਨ ਹਮਲਾਵਰ ਗੋਲੀਆਂ ਚਲਾਉਣ ਉਪਰੰਤ ਵਾਪਸ ਮੁੜ ਗਏਙ ਗੋਇੰਦਵਾਲ ਸਾਹਿਬ ਦੀ ਪੁਲੀਸ ਮੌਕੇ 'ਤੇ ਪਹੁੰਚ ਗਈ ਅਤੇ ਮ੍ਰਿਤਕ ਦੇਹ ਨੂੰ ਤਰਨ ਤਾਰਨ ਹਸਪਤਾਲ ਦੇ ਮੁਰਦਾਘਰ ਵਿਚ ਰਖਵਾ ਦਿੱਤਾਙ ਪੁਲੀਸ ਅਧਿਕਾਰੀ ਨੇ ਦੱਸਿਆ ਕਿ ਮੁੱਢਲੇ ਤੌਰ 'ਤੇ ਇਹ ਮਾਮਲਾ ਆਪਸੀ ਰੰਜਿਸ਼ ਦਾ ਲੱਗਦਾ ਹੈਙ ਗੋਪੀ ਖਿਲਾਫ਼ ਇਰਾਦਾ ਕਤਲ ਸਮੇਤ ਹੋਰ ਸੰਗੀਨ ਅਪਰਾਧਾਂ ਦੇ ਚਾਰ ਮਾਮਲੇ ਦਰਜ ਹਨ। ਗੁਰਪ੍ਰੀਤ ਸਿੰਘ 'ਆਪ' ਦਾ ਪਿੰਡ ਪੱਧਰ ਦਾ ਆਗੂ ਸੀ। ਉਹ ਪਿੰਡ ਦੇ ਸਰਪੰਚ ਦੇ ਅਹੁਦੇ ਦੀ ਚੋਣ ਲੜਨ ਲਈ ਯਤਨਸ਼ੀਲ ਸੀ। ਡੀਐੱਸਪੀ ਰਵੀਸ਼ੇਰ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਕੇਸ ਦਰਜ ਕਰਕੇ ਕਾਤਲਾਂ ਦੀ ਭਾਲ ਸ਼ੁਰੂ ਕਰ ਦਿੱਤੀ ਗਈ ਹੈ।

# ਅਮਰੀਕਾ 'ਚ ਭਾਰਤੀ ਡਾਂਸਰ ਅਮਰਨਾਥ ਘੋਸ਼ ਦੀ ਗੋਲੀ ਮਾਰ ਕੇ ਹੱਤਿਆ




**ਮਿਸੂਰੀ (ਅਮਰੀਕਾ)** ਸ਼ਿਕਾਗੋ ਵਿੱਚ ਭਾਰਤੀ ਕੌਂਸਲੇਟ ਨੇ ਭਾਰਤੀ ਡਾਂਸਰ ਅਮਰਨਾਥ ਘੋਸ਼ ਦੇ ਦੇਹਾਂਤ 'ਤੇ ਸੋਗ ਪ੍ਰਗਟ ਕੀਤਾ ਹੈ, ਜਿਸ ਨੂੰ ਸੰਯੁਕਤ ਰਾਜ ਦੇ ਸੇਂਟ ਲੁਈਸ ਵਿੱਚ ਕਥਿਤ ਤੌਰ 'ਤੇ ਅਣਪਛਾਤੇ ਹਮਲਾਵਰ ਨੇ ਗੋਲੀ ਮਾਰ ਦਿੱਤੀ ਗਈ ਸੀ। ਭਾਰਤੀ ਮਿਸ਼ਨ ਨੇ ਅੱਜ ਬਿਆਨ ਵਿੱਚ ਕਿਹਾ ਕਿ ਉਹ ਫੋਰੈਂਸਿਕ, ਜਾਂਚ ਅਤੇ ਪੁਲੀਸ ਨਾਲ ਮਾਮਲੇ ਦੀ ਪੈਰਵੀ ਕਰ ਰਿਹਾ ਹੈ। ਘੋਸ਼ ਕੋਲਕਾਤਾ ਦਾ ਰਹਿਣ ਵਾਲਾ ਸੀ ਅਤੇ ਉਸ ਦੇ ਮਾਤਾ-ਪਿਤਾ ਦੋਵਾਂ ਦੀ ਮੌਤ ਹੋ ਚੁੱਕੀ ਹੈ। ਘੋਸ਼ 'ਤੇ ਅਣਪਛਾਤੇ ਹਮਲਾਵਰ ਨੇ ਉਦੋਂ ਕਈ ਵਾਰ ਹਮਲਾ ਕੀਤਾ, ਜਦੋਂ ਉਹ ਸੇਂਟ ਲੂਈਸ ਅਕੈਡਮੀ ਦੇ ਗੁਆਂਢ ਵਿੱਚ ਸ਼ਾਮ ਦੀ ਸੈਰ ਕਰ ਰਿਹਾ ਸੀ। ਉਹ ਪਰਿਵਾਰ ਦਾ ਇੱਕਲੌਤਾ ਲੜਕਾ ਸੀ। ਉਸ ਦੀ ਮਾਂ ਦੀ 3 ਸਾਲ ਪਹਿਲਾਂ ਮੌਤ ਹੋ ਗਈ ਸੀ। ਪਿਤਾ ਦਾ ਬਚਪਨ ਵਿੱਚ ਹੀ ਦੇਹਾਂਤ ਹੋ ਗਿਆ ਸੀ।

# ਡੀਡੀਏ ਨੇ ਪੌਂਟੀ ਚੱਢਾ ਦਾ 400 ਕਰੋੜੀ ਫਾਰਮਹਾਊਸ ਢਾਹਿਆ



**ਨਵੀਂ ਦਿੱਲੀ।** ਦਿੱਲੀ ਡਿਵੈਲਪਮੈਂਟ ਅਥਾਰਟੀ (ਡੀਡੀਏ) ਨੇ ਨਾਜਾਇਜ਼ ਕਬਜ਼ਿਆਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਹਾਈ-ਪ੍ਰੋਫਾਈਲ ਸ਼ਰਾਬ ਕਾਰੋਬਾਰੀ ਮਰਹੂਮ ਪੌਂਟੀ ਚੱਢਾ ਉਰਫ਼ ਗੁਰਦੀਪ ਸਿੰਘ ਦਾ ਦੱਖਣੀ ਦਿੱਲੀ ਦੇ ਛਤਰਪੁਰ ਵਿੱਚ ਲਗਪਗ ਦਸ ਏਕੜ ਵਿੱਚ ਫੈਲਿਆ ਫਾਰਮਹਾਊਸ ਢਾਹ ਦਿੱਤਾ ਜਿਸ ਦੀ ਕੀਮਤ ਲਗਪਗ 400 ਕਰੋੜ ਰੁਪਏ ਦੱਸੀ ਜਾ ਰਹੀ ਹੈ। ਡੀਡੀਏ ਨੇ ਇੱਕ ਬਿਆਨ ਰਾਹੀਂ ਇਹ ਜਾਣਕਾਰੀ ਦਿੱਤੀ ਹੈ। ਬਿਆਨ ਵਿੱਚ ਕਿਹਾ ਗਿਆ ਹੈ ਕਿ ਸ਼ੁੱਕਰਵਾਰ ਨੂੰ ਪੰਜ ਏਕੜ ਜ਼ਮੀਨ ਵਿੱਚ ਭੰਨ-ਤੋੜ ਦੀ ਕਾਰਵਾਈ ਸ਼ੁਰੂ ਕੀਤੀ ਗਈ ਸੀ ਅਤੇ ਫਾਰਮਹਾਊਸ ਦੀ ਬਾਕੀ ਦੀ ਮੁੱਖ ਇਮਾਰਤ ਅੱਜ ਢਾਹ ਦਿੱਤੀ ਗਈ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਉੱਤਰ ਪੂਰਬੀ ਦਿੱਲੀ ਦੇ ਗੋਕਲਪੁਰੀ ਵਿੱਚ ਸਰਕਾਰੀ ਜ਼ਮੀਨ ਤੋਂ ਕਬਜ਼ੇ ਹਟਾਏ ਗਏ ਸਨ। ਚਾਰ ਏਕੜ ਜ਼ਮੀਨ ਵਿੱਚ ਕਬਜ਼ੇ ਹਟਾਉਣ ਦੀ ਮੁਹਿੰਮ ਚਲਾਈ ਗਈ ਜਿਸ ਵਿੱਚ ਕਮਰਸ਼ੀਅਲ ਸ਼ੋਅਰੂਮ, ਬੈਂਕੁਇਟ ਹਾਲ, ਹੋਟਲ ਅਤੇ ਇੱਕ ਗੋਦਾਮ ਸ਼ਾਮਲ ਸਨ। ਪੌਂਟੀ ਚੱਢਾ ਅਤੇ ਉਸ ਦਾ ਛੋਟਾ ਭਰਾ ਹਰਦੀਪ 2012 ਵਿੱਚ ਦੱਖਣੀ ਦਿੱਲੀ ਦੇ ਇੱਕ ਫਾਰਮਹਾਊਸ ਵਿੱਚ ਗੋਲੀਬਾਰੀ ਦੌਰਾਨ ਮਾਰੇ ਗਏ ਸਨ।

# ਭਾਜਪਾ ਲੀਡਰਸ਼ਿਪ ਮੈਨੂੰ ਸਿਆਸੀ ਜ਼ਿੰਮੇਦਾਰੀਆਂ ਤੋਂ ਮੁਕਤ ਕਰੇ: ਗੌਤਮ ਗੰਭੀਰ



**ਨਵੀਂ ਦਿੱਲੀ।** ਦਿੱਲੀ ਤੋਂ ਭਾਜਪਾ ਦੇ ਸੰਸਦ ਮੈਂਬਰ ਗੌਤਮ ਗੰਭੀਰ ਨੇ ਅੱਜ ਕਿਹਾ ਕਿ ਉਨ੍ਹਾਂ ਨੇ ਪਾਰਟੀ ਲੀਡਰਸ਼ਿਪ ਨੂੰ ਉਨ੍ਹਾਂ ਨੂੰ ਸਿਆਸੀ ਜ਼ਿੰਮੇਵਾਰੀਆਂ ਤੋਂ ਮੁਕਤ ਕਰਨ ਦੀ ਬੇਨਤੀ ਕੀਤੀ ਹੈ ਤਾਂ ਜੋ ਉਹ ਆਪਣੇ ਆਉਣ ਵਾਲੇ ਕ੍ਰਿਕਟ ਪ੍ਰਤੀਬੱਧਤਾਵਾਂ 'ਤੇ ਧਿਆਨ ਦੇ ਸਕਣ। ਗੰਭੀਰ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਲਿਖਿਆ,'ਮੈਂ ਪਾਰਟੀ ਪ੍ਰਧਾਨ ਜੇਪੀ ਨੱਢਾ ਮੈਨੂੰ ਮੇਰੇ ਸਿਆਸੀ ਫਰਜ਼ਾਂ ਤੋਂ ਮੁਕਤ ਕਰਨ ਤਾਂ ਜੋ ਮੈਂ ਆਪਣੀਆਂ ਆਉਣ ਵਾਲੀਆਂ ਕ੍ਰਿਕਟ ਪ੍ਰਤੀਬੱਧਤਾਵਾਂ 'ਤੇ ਧਿਆਨ ਦੇ ਸਕਾਂ। ਮੈਨੂੰ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਦੇਣ ਲਈ ਮੈਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਧੰਨਵਾਦ ਕਰਦਾ ਹਾਂ।'

# ਦਿੱਲੀ ਦੇ ਉਪ ਰਾਜਪਾਲ ਨੇ ਆਪ ਨੇਤਾ ਸਤਿੰਦਰ ਜੈਨ ਖ਼ਿਲਾਫ਼ ਫਿਰੌਤੀ ਮਾਮਲੇ ਦੀ ਜਾਂਚ ਸੀਬੀਆਈ ਨੂੰ ਸੌਂਪੀ



**ਨਵੀਂ ਦਿੱਲੀ।** ਦਿੱਲੀ ਦੇ ਉਪ ਰਾਜਪਾਲ ਵਿਨੈ ਕੁਮਾਰ ਸਕਸੈਨਾ ਨੇ ਕਥਿਤ ਠੱਗ ਸੁਕੇਸ਼ ਚੰਦਰਸ਼ੇਖਰ ਵੱਲੋਂ ਦਾਇਰ ਫਿਰੌਤੀ ਦੀ ਸ਼ਿਕਾਇਤ 'ਤੇ ਸਾਬਕਾ ਮੰਤਰੀ ਸਤਿੰਦਰ ਜੈਨ ਵਿਰੁੱਧ ਸੀਬੀਆਈ ਜਾਂਚ ਦੀ ਇਜਾਜ਼ਤ ਦਿੱਤੀ ਹੈ। ਜੈਨ 'ਤੇ ਚੰਦਰਸ਼ੇਖਰ ਤੋਂ 10 ਕਰੋੜ ਰੁਪਏ ਵਸੂਲਣ ਦਾ ਦੋਸ਼ ਹੈ। ਰਾਜ ਨਿਵਾਸ ਅਧਿਕਾਰੀਆਂ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਤਿਹਾੜ ਜੇਲ੍ਹ ਦੇ ਸਾਬਕਾ ਡਾਇਰੈਕਟਰ ਜਨਰਲ ਨੂੰ ਵੀ ਮੁਲਜ਼ਮ ਬਣਾਇਆ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਐੱਲਜੀ ਨੇ ਭ੍ਰਿਸ਼ਟਾਚਾਰ ਰੋਕੂ (ਪੀਸੀ) ਐਕਟ ਦੀ ਧਾਰਾ 17ਏ ਦੇ ਤਹਿਤ ਜੈਨ ਖ਼ਿਲਾਫ਼ ਸੀਬੀਆਈ ਜਾਂਚ ਲਈ ਆਪਣੀ ਮਨਜ਼ੂਰੀ ਦੇ ਦਿੱਤੀ ਹੈ।

# ਪਟਿਆਲਾ: ਕਿਸਾਨ ਜਥੇਬੰਦੀਆਂ ਵੱਲੋਂ 5 ਨੂੰ ਜ਼ਿਲ੍ਹਾ ਪੱਧਰੀ ਰੋਸ ਮਾਰਚ ਕਰਨ ਦਾ ਐਲਾਨ



**ਪਟਿਆਲਾ।** ਭਾਰਤੀ ਕਿਸਾਨ ਯੂਨੀਅਨ (ਉਗਰਾਹਾਂ), ਭਾਰਤੀ ਕਿਸਾਨ ਯੂਨੀਅਨ (ਧਨੇਰ) ਅਤੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ (ਭਾਰਤ) ਵੱਲੋਂ ਐੱਮਐੱਸਪੀ ਦੀ ਕਾਨੂੰਨੀ ਗਾਰੰਟੀ ਵਰਗੇ ਭਖਦੇ ਕਿਸਾਨੀ ਮਸਲਿਆਂ ਲਈ ਕੇਂਦਰੀ ਭਾਜਪਾ ਸਰਕਾਰ ਵਿਰੁੱਧ 5 ਮਾਰਚ ਨੂੰ ਪੰਜਾਬ ਭਰ ਵਿੱਚ ਜ਼ਿਲ੍ਹਾ ਪੱਧਰੀ ਰੋਸ ਮਾਰਚ ਕਰਨ ਦਾ ਐਲਾਨ ਕੀਤਾ ਗਿਆ ਹੈ। ਇਸ ਸਬੰਧੀ ਅੱਜ ਇੱਥੇ ਪ੍ਰੈਸ ਦੇ ਨਾਂ ਸਾਂਝਾ ਬਿਆਨ ਜਾਰੀ ਕਰਦਿਆਂ ਜਥੇਬੰਦੀਆਂ ਦੇ ਪ੍ਰਧਾਨ ਕ੍ਰਮਵਾਰ ਜੋਗਿੰਦਰ ਸਿੰਘ ਉਗਰਾਹਾਂ, ਮਨਜੀਤ ਸਿੰਘ ਧਨੇਰ ਅਤੇ ਡਾ. ਦਰਸ਼ਨਪਾਲ ਨੇ ਦੱਸਿਆ ਕਿ ਬੀਤੇ ਦਿਨ ਇਸ ਸੰਬੰਧੀ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਵਿੱਚ ਹੀ ਇਹ ਫੈਸਲਾ ਕੀਤਾ ਗਿਆ ਹੈ। ਕਿਸਾਨ ਆਗੂਆਂ ਨੇ 5 ਮਾਰਚ ਦੇ ਇਨ੍ਹਾਂ ਰੋਸ ਮਾਰਚਾਂ ਵਿੱਚ ਪੰਜਾਬ ਦੀਆਂ ਸਮੂਹ ਸੰਘਰਸ਼ਸ਼ੀਲ ਕਿਸਾਨ ਜਥੇਬੰਦੀਆਂ ਨੂੰ ਵਧ ਚੜ੍ਹ ਕੇ ਸ਼ਾਮਲ ਹੋਣ ਦੀ ਜ਼ੋਰਦਾਰ ਅਪੀਲ ਕੀਤੀ ਹੈ। ਸਮੂਹ ਕਿਸਾਨਾਂ ਮਜ਼ਦੂਰਾਂ ਨੂੰ ਵੀ ਇਨ੍ਹਾਂ ਰੋਸ ਮਾਰਚਾਂ ਵਿੱਚ ਪਰਿਵਾਰਾਂ ਸਮੇਤ ਪੁੱਜਣ ਦਾ ਸੱਦਾ ਦਿੱਤਾ ਗਿਆ ਹੈ। ਕਿਸਾਨ ਆਗੂਆਂ ਵੱਲੋਂ 3 ਮਾਰਚ ਨੂੰ ਸ਼ਹੀਦ ਸ਼ੁਭਕਰਨ ਸਿੰਘ ਬੱਲ੍ਹੋ ਦੇ ਪਿੰਡ ਦੀ ਦਾਣਾ ਮੰਡੀ ਵਿੱਚ ਕੀਤੇ ਜਾ ਰਹੇ ਸ਼ਰਧਾਂਜਲੀ ਸਮਾਰੋਹ ਵਿੱਚ ਵੀ ਕਿਸਾਨਾਂ ਮਜ਼ਦੂਰਾਂ ਨੂੰ ਵਧ ਚੜ੍ਹ ਕੇ ਸ਼ਾਮਲ ਹੋਣ ਦਾ ਸੱਦਾ ਦਿੱਤਾ ਗਿਆ ਹੈ।

for more news visit:
www.worldpunjabinews.com

# ਕਿਸਾਨਾਂ ਨਾਲ ਪਾਕਿਸਤਾਨ ਵਾਂਗ ਸਲੂਕ ਕਰ ਰਿਹੈ ਕੇਂਦਰ: ਰਾਜਾ ਵੜਿੰਗ



**ਗੁਰਦਾਸਪੁਰ।** ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਅੱਜ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਨਾਲ ਪਾਕਿਸਤਾਨੀਆਂ ਵਾਂਗ ਸਲੂਕ ਕਰ ਰਹੀ ਹੈ। ਉਨ੍ਹਾਂ ਨੂੰ ਦਿੱਲੀ ਨਹੀਂ ਜਾਣ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਆਜ਼ਾਦੀ ਅਤੇ ਉਸ ਆਜ਼ਾਦੀ ਨੂੰ ਕਾਇਮ ਰੱਖਣ ਵਿੱਚ ਪੰਜਾਬੀਆਂ ਨੇ ਅਹਿਮ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਪਹਿਲੀ ਵਾਰ ਸੰਨ 1967 ਵਿੱਚ ਕਾਂਗਰਸ ਨੇ ਕਿਸਾਨਾਂ ਨੂੰ ਝੋਨੇ ਅਤੇ ਕਣਕ 'ਤੇ ਐੱਮਐੱਸਪੀ ਦਿੱਤੀ ਸੀ। ਹੁਣ ਜਿੱਥੇ ਇੱਕ ਪਾਸੇ ਮੋਦੀ ਸਰਕਾਰ ਕਿਸਾਨਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ਾਂ ਕਰ ਰਹੀ ਹੈ, ਉੱਥੇ ਕਾਂਗਰਸੀ ਆਗੂ ਰਾਹੁਲ ਗਾਂਧੀ ਨੇ ਵਾਅਦਾ ਕੀਤਾ ਹੈ ਕਿ ਜੇਕਰ ਕੇਂਦਰ 'ਚ ਉਨ੍ਹਾਂ ਦੀ ਸਰਕਾਰ ਆਈ ਤਾਂ ਕਿਸਾਨਾਂ ਨੂੰ ਉਨ੍ਹਾਂ ਦੀ ਮੰਗ ਮੁਤਾਬਕ ਸਾਰੀਆਂ ਫ਼ਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ ਦਿੱਤਾ ਜਾਵੇਗਾ। ਰਾਜਾ ਵੜਿੰਗ ਗੁਰਦਾਸਪੁਰ ਦੇ ਪਿੰਡ ਪਾਹੜਾ ਦੇ ਜਥੇਦਾਰ ਕਰਤਾਰ ਸਿੰਘ ਪਾਹੜਾ ਸਟੇਡੀਅਮ ਵਿਖੇ ਯੂਥ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਬਲਜੀਤ ਸਿੰਘ ਪਾਹੜਾ ਦੀ ਪ੍ਰਧਾਨਗੀ ਅਤੇ ਹਲਕਾ ਗੁਰਦਾਸਪੁਰ ਦੇ ਵਿਧਾਇਕ ਬਰਿੰਦਰ ਮੀਤ ਸਿੰਘ ਪਾਹੜਾ ਦੀ ਅਗਵਾਈ ਹੇਠ ਕੀਤੀ ਗਈ ਰੈਲੀ ਨੂੰ ਸੰਬੋਧਨ ਕਰ ਰਹੇ ਸਨ। ਪੰਜਾਬੀ ਨੌਜਵਾਨਾਂ ਦੇ ਵੱਡੀ ਗਿਣਤੀ 'ਚ ਵਿਦੇਸ਼ ਜਾਣ 'ਤੇ ਚਿੰਤਾ ਪ੍ਰਗਟ ਕਰਦਿਆਂ ਰਾਜਾ ਵੜਿੰਗ ਨੇ ਕਿਹਾ ਕਿ ਜੇਕਰ ਏਹੀ ਸਿਲਸਿਲਾ ਰਿਹਾ ਤਾਂ ਪੰਜਾਬ ਦਾ ਵੱਡਾ ਨੁਕਸਾਨ ਹੋਵੇਗਾ। ਵਿਧਾਇਕ ਬਰਿੰਦਰ ਮੀਤ ਸਿੰਘ ਪਾਹੜਾ ਨੇ ਕਿਹਾ ਕਿ ਖੁਦ ਨੂੰ ਪੰਜਾਬ ਦਾ ਸ਼ੁੱਭਚਿੰਤਕ ਕਹਾਉਣ ਵਾਲਾ ਸ਼੍ਰੋਮਣੀ ਅਕਾਲੀ ਦਲ ਹੁਣ ਕਿਸਾਨ ਅੰਦੋਲਨ ਨੂੰ ਲੈ ਕੇ ਪੂਰੀ ਤਰ੍ਹਾਂ ਚੁੱਪ ਹੈ।

# ਐੱਸਜੀਪੀਸੀ ਚੋਣਾਂ: ਵੋਟਾਂ ਬਣਾਉਣ ਦੀ ਤਰੀਕ 'ਚ ਮੁੜ ਵਾਧਾ, ਹੁਣ 30 ਅਪਰੈਲ ਤੱਕ ਭਰੇ ਜਾ ਸਕਣਗੇ ਫਾਰਮ



**ਮੁਹਾਲੀ।** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਦੇ ਮੱਦੇਨਜ਼ਰ ਵੋਟਾਂ ਬਣਾਉਣ ਦੀ ਤਰੀਕ ਵਿੱਚ ਮੁੜ ਤੀਜੀ ਵਾਰ ਵਾਧਾ ਕੀਤਾ ਗਿਆ ਹੈ। ਹੁਣ 30 ਅਪਰੈਲ ਤੱਕ ਨਵੀਆਂ ਵੋਟਾਂ ਲਈ ਫਾਰਮ ਭਰੇ ਜਾ ਸਕਣਗੇ। ਮੁਹਾਲੀ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀਮਤੀ ਆਸ਼ਿਕਾ ਜੈਨ ਨੇ ਦੱਸਿਆ ਕਿ ਚੀਫ਼ ਕਮਿਸ਼ਨਰ ਗੁਰਦੁਆਰਾ ਬੋਰਡ ਚੋਣਾਂ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ ਵੋਟਾਂ ਬਣਾਉਣ ਦੀ ਮਿਤੀ ਵਿੱਚ ਵਾਧਾ ਕਰ ਦਿੱਤਾ ਗਿਆ ਹੈ। ਚੀਫ਼ ਕਮਿਸ਼ਨਰ ਗੁਰਦੁਆਰਾ ਚੋਣਾਂ ਵੱਲੋਂ ਜਾਰੀ ਕੀਤੀ ਨਵੀਂ ਸਮਾਂ ਸਾਰਣੀ ਤਹਿਤ ਵੋਟਰ ਰਜਿਸਟਰੇਸ਼ਨ 30 ਅਪਰੈਲ ਤੱਕ ਕਰਵਾਈ ਜਾ ਸਕਦੀ ਹੈ। ਉਨ੍ਹਾਂ ਨੇ ਚੋਣਾਂ ਨਾਲ ਸਬੰਧਤ ਅਧਿਕਾਰੀਆਂ ਅਤੇ ਮੁਲਾਜ਼ਮਾਂ ਨੂੰ ਹਦਾਇਤ ਕੀਤੀ ਕਿ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਸਬੰਧੀ ਵੋਟਰ ਰਜਿਸਟਰੇਸ਼ਨ ਦਾ ਕੰਮ ਤੇਜ਼ੀ ਨਾਲ ਕੀਤਾ ਜਾਵੇ, ਤਾਂ ਜੋ ਕੋਈ ਵੀ ਕੇਸਾਧਾਰੀ ਸਿੱਖ ਵੋਟ ਬਣਾਉਣ ਤੋਂ ਵਾਂਝਾ ਨਾ ਰਹਿ ਸਕੇ। ਡੀਸੀ ਨੇ ਦੱਸਿਆ ਕਿ 1 ਤੋਂ 20 ਮਈ 2024 ਤੱਕ ਵੋਟਰ ਸੂਚੀਆਂ ਦੀ ਤਿਆਰੀ ਅਤੇ ਪ੍ਰਿੰਟਿੰਗ ਹੋਵੇਗੀ। ਇਸ ਤੋਂ ਬਾਅਦ 21 ਮਈ ਨੂੰ ਵੋਟਰ ਸੂਚੀਆਂ ਪ੍ਰਕਾਸ਼ਿਤ ਕੀਤੀਆਂ ਜਾਣਗੀਆਂ ਅਤੇ ਇਸੇ ਹੀ ਦਿਨ ਵੋਟਰ ਸੂਚੀਆਂ ਸਬੰਧੀ ਦਾਅਵੇ ਅਤੇ ਇਤਰਾਜ਼ ਲੈਣ ਸਬੰਧੀ ਚੋਣ ਹਲਕੇ ਅਨੁਸਾਰ ਨਿਯੁਕਤ ਅਧਿਕਾਰੀਆਂ ਦੀ ਸੂਚੀ ਜਾਰੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨ ਦੀ ਆਖ਼ਰੀ ਤਰੀਕ 11 ਜੂਨ ਨਿਰਧਾਰਿਤ ਕੀਤੀ ਗਈ। ਡੀਸੀ ਨੇ ਦੱਸਿਆ ਕਿ 21 ਜੂਨ ਤੱਕ ਦਾਅਵਿਆਂ ਅਤੇ ਇੰਦਰਾਜ਼ਾਂ ਦਾ ਸਿੱਖ ਗੁਰਦੁਆਰਾ ਬੋਰਡ ਚੋਣਾਂ 1959 ਦੇ ਰੂਲ ਨੰਬਰ 10 (3) ਅਨੁਸਾਰ ਨਿਪਟਾਰਾ ਕੀਤਾ ਜਾਵੇਗਾ। ਇਸ ਤੋਂ ਬਾਅਦ 2 ਜੁਲਾਈ ਨੂੰ ਸਪਲੀਮੈਂਟਰੀ ਸੂਚੀਆਂ ਦੀ ਤਿਆਰੀ ਅਤੇ ਪ੍ਰਿੰਟਿੰਗ ਕੀਤੀ ਜਾਵੇਗੀ ਅਤੇ 3 ਜੁਲਾਈ ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਐਸਜੀਪੀਸੀ ਚੋਣਾਂ ਲਈ ਵੋਟਰ ਰਜਿਸਟਰੇਸ਼ਨ ਲਈ ਵਿਅਕਤੀ ਦਾ ਕੇਸਾਧਾਰੀ ਸਿੱਖ ਹੋਣਾ ਜ਼ਰੂਰੀ ਹੈ। ਡੀਸੀ ਨੇ ਸਬੰਧਤ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਨੂੰ ਫਾਰਮ ਜਮ੍ਹਾਂ ਕਰਵਾਉਣ ਵਿੱਚ ਕੋਈ ਦਿੱਕਤ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਉਪ ਮੰਡਲ ਮੈਜਿਸਟਰੇਟ (ਐੱਸਡੀਐੱਮ) ਅਤੇ ਹੋਰ ਨਾਮਜ਼ਦ ਅਧਿਕਾਰੀ ਵੀ ਨਿਯਮਤ ਤੌਰ 'ਤੇ ਇਸ ਪ੍ਰਕਿਰਿਆ ਦੀ ਨਜ਼ਰਸਾਨੀ ਕਰਨ ਤਾਂ ਜੋ ਵੋਟਰ ਰਜਿਸਟਰੇਸ਼ਨ ਨੂੰ ਉਤਸ਼ਾਹਿਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਪੇਂਡੂ ਖੇਤਰ ਦੇ ਵੋਟਰ ਖ਼ੁਦ ਨੂੰ ਵੋਟਰ ਵਜੋਂ ਰਜਿਸਟਰਡ ਕਰਨ ਲਈ ਫਾਰਮ ਪਟਵਾਰੀਆਂ ਪਾਸ ਜਮ੍ਹਾਂ ਕਰਵਾ ਸਕਦੇ ਹਨ ਜਦੋਂਕਿ ਸ਼ਹਿਰੀ ਖੇਤਰ ਵਿੱਚ ਨਗਰ ਕੌਂਸਲ ਜਾਂ ਸਥਾਨਕ ਅਥਾਰਟੀ ਦੇ ਕਰਮਚਾਰੀ ਜਿਨ੍ਹਾਂ ਨੂੰ ਸਬੰਧਤ ਖੇਤਰ ਦੀ ਸੋਧ ਅਥਾਰਟੀ ਵੱਲੋਂ ਨਾਮਜ਼ਦ ਕੀਤਾ ਗਿਆ ਹੈ, ਪਾਸ ਆਪਣੇ ਫਾਰਮ ਜਮ੍ਹਾ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਲਈ ਫਾਰਮ ਨੰਬਰ 1 ਪ੍ਰਾਪਤ ਕਰਦੇ ਸਮੇਂ ਇਸ ਗੱਲ ਵੱਲ ਖਾਸ ਧਿਆਨ ਦਿੱਤਾ ਜਾਵੇ ਕਿ ਵੋਟਰ ਦੀ ਉਮਰ 21 ਸਾਲ ਤੋਂ ਘੱਟ ਨਾ ਹੋਵੇ ਅਤੇ ਉਹ ਕੇਸਾਧਾਰੀ ਸਿੱਖ ਹੋਵੇ। ਇਹ ਫਾਰਮ ਜ਼ਿਲ੍ਹਾ ਪ੍ਰਸ਼ਾਸਨ ਦੀ ਵੈੱਬਸਾਈਟ ਸਓਸ-ਨਓਗਓਰ.ਨਿਚਿ.ਨ ਤੋਂ ਵੀ ਪ੍ਰਾਪਤ ਕੀਤਾ ਜਾ ਸਕਦਾ ਹੈ।

for more news visit:
www.worldpunjabinews.com

# ਸ਼ਰਮਨਾਕ.. ਦਿਮਾਗੀ ਤੌਰ 'ਤੇ ਕਮਜ਼ੋਰ ਨਾਬਾਲਗ ਨਾਲ ਕੀਤਾ ਬਲਾਤਕਾਰ



**ਅਬੋਹਰ।** ਅਬੋਹਰ ਦੇ ਬਹਾਵਾਲਾ ਥਾਣਾ ਅਧੀਨ ਪੈਂਦੇ ਪਿੰਡ 'ਚ ਇਕ ਅੱਧਖੜ ਉਮਰ ਦੇ ਵਿਅਕਤੀ ਨੇ ਮਾਨਸਿਕ ਤੌਰ 'ਤੇ ਅਪਾਹਜ ਅਤੇ ਨਾਬਾਲਗ ਲੜਕੀ ਨੂੰ ਪਸ਼ੂਆਂ ਵਾਲੇ ਵਾੜੇ ਵਿਚ ਲਿਜਾ ਕੇ ਉਸ ਨਾਲ ਬਲਾਤਕਾਰ ਕੀਤਾ। ਪੁਲਿਸ ਨੇ ਪੀੜਤਾ ਦਾ ਸਰਕਾਰੀ ਹਸਪਤਾਲ 'ਚ ਮੈਡੀਕਲ ਕਰਵਾਇਆ ਅਤੇ ਬਲਾਤਕਾਰੀ ਨੂੰ ਗ੍ਰਿਫਤਾਰ ਕਰਕੇ ਮਾਮਲਾ ਦਰਜ ਕਰ ਲਿਆ ਹੈ।ਵ ਜਾਣਕਾਰੀ ਅਨੁਸਾਰ ਥਾਣਾ ਬਹਾਵਵਾਲਾ ਦੇ ਇੰਚਾਰਜ ਗੁਰਮੀਤ ਸਿੰਘ ਨੇ ਦਸਿਆ ਕਿ ਉਨ੍ਹਾਂ ਦੇ ਥਾਣਾ ਬਹਾਵਵਾਲਾ ਅਧੀਨ ਪੈਂਦੇ ਪਿੰਡ 'ਚ ਮਾਨਸਿਕ ਤੌਰ 'ਤੇ ਕਮਜ਼ੋਰ ਨਾਬਾਲਗ ਨਾਲ ਜਬਰ-ਜ਼ਨਾਹ ਦੀ ਘਟਨਾ ਸਾਹਮਣੇ ਆਈ ਹੈ ਅਤੇ ਪੁਲਿਸ ਨੇ ਬਲਾਤਕਾਰੀ ਬੋਹੜ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਹੈ। ਜਿਸ ਦੀ ਉਮਰ 50 ਸਾਲ ਦੇ ਕਰੀਬ ਹੈ। ਜਿਸ ਕਾਰਨ ਉਸ ਨੂੰ ਅਦਾਲਤ ਵਿਚ ਪੇਸ਼ ਕੀਤਾ ਗਿਆ। ਜਿਥੇ ਅਦਾਲਤ ਨੇ ਪੁਲਿਸ ਰਿਮਾਂਡ 'ਤੇ ਭੇਜਿਆ। ਪੁਲਿਸ ਨੇ ਮੁਲਜ਼ਮ ਖ਼ਿਲਾਫ਼ ਪੋਕਸੋ ਐਕਟ ਤਹਿਤ ਕੇਸ ਦਰਜ ਕਰ ਲਿਆ ਹੈ। ਥਾਣਾ ਇੰਚਾਰਜ ਨੇ ਦਸਿਆ ਕਿ ਮੁਲਜ਼ਮ ਵਿਆਹਿਆ ਹੋਇਆ ਹੈ ਅਤੇ ਉਸ ਦਾ ਹਸਪਤਾਲ ਵਿੱਚ ਮੈਡੀਕਲ ਵੀ ਕਰਵਾਇਆ ਗਿਆ ਹੈ। ਮੈਡੀਕਲ ਜਾਂਚ ਤੋਂ ਬਾਅਦ ਲੜਕੀ ਨੂੰ ਫਰੀਦਕੋਟ ਰੈਫਰ ਕਰ ਦਿੱਤਾ ਗਿਆ ਹੈ।

# ਧਾਰਾ 21 ਸੰਵਿਧਾਨ ਦੀ ਆਤਮਾ ਹੈ, ਨਾਗਰਿਕਾਂ ਦੀ ਆਜ਼ਾਦੀ ਸਰਵਉੱਚ ਹੈ: ਸੁਪਰੀਮ ਕੋਰਟ



**ਨਵੀਂ ਦਿਲੀ।** ਸੁਪਰੀਮ ਕੋਰਟ ਨੇ ਕਿਹਾ ਹੈ ਕਿ ਧਾਰਾ 21 ਸੰਵਿਧਾਨ ਦੀ ਆਤਮਾ ਹੈ ਅਤੇ ਨਾਗਰਿਕ ਦੀ ਆਜ਼ਾਦੀ ਸਰਵਉੱਚ ਹੈ। ਅਦਾਲਤ ਨੇ ਕਿਹਾ ਕਿ ਜੇਕਰ ਹਾਈ ਕੋਰਟ ਇਸ ਨਾਲ ਜੁੜੇ ਮਾਮਲਿਆਂ 'ਤੇ ਤੇਜ਼ੀ ਨਾਲ ਫੈਸਲਾ ਨਹੀਂ ਕਰਦੀ ਤਾਂ ਵਿਅਕਤੀ ਇਸ ਕੀਮਤੀ ਅਧਿਕਾਰ ਤੋਂ ਵਾਂਝਾ ਰਹਿ ਜਾਵੇਗਾ। ਜਸਟਿਸ ਬੀ.ਆਰ. ਗਵਈ ਅਤੇ ਜਸਟਿਸ ਸੰਦੀਪ ਮਹਿਤਾ ਦੀ ਬੈਂਚ ਨੇ ਇਹ ਟਿਪਣੀ ਇਹ ਟਿਪਣੀ ਕਰਦਿਆਂ ਕੀਤੀ ਕਿ ਬੰਬਈ ਹਾਈ ਕੋਰਟ ਨੇ ਮਹਾਰਾਸ਼ਟਰ 'ਚ ਇਕ ਕਾਰਪੋਰੇਟਰ ਦੇ ਕਤਲ ਦੇ ਮੁੱਖ ਮੁਲਜ਼ਮ ਅਮੋਲ ਵਿਠਲ ਵਾਹਿਲੇ ਨੂੰ ਸੁਪਰੀਮ ਕੋਰਟ ਦੇ 29 ਜਨਵਰੀ ਦੇ ਹੁਕਮ ਤੋਂ ਬਾਅਦ ਜ਼ਮਾਨਤ ਦੇ ਦਿਤੀ ਹੈ। ਬੈਂਚ ਨੇ ਅਪਣੇ ਤਾਜ਼ਾ ਹੁਕਮ 'ਚ ਕਿਹਾ ਕਿ ਇਹ ਸਪੱਸ਼ਟ ਹੈ ਕਿ 29 ਜਨਵਰੀ, 2024 ਨੂੰ ਇਸ ਅਦਾਲਤ ਦਾ ਹੁਕਮ ਪਾਸ ਕਰਨ ਤੋਂ ਪਹਿਲਾਂ ਹਾਈ ਕੋਰਟ ਨੇ ਮੈਰਿਟ ਦੇ ਆਧਾਰ 'ਤੇ ਜ਼ਮਾਨਤ ਅਰਜ਼ੀ 'ਤੇ ਫੈਸਲਾ ਕਰਨ ਦੀ ਬਜਾਏ ਕਿਸੇ ਨਾ ਕਿਸੇ ਆਧਾਰ 'ਤੇ ਜ਼ਮਾਨਤ ਅਰਜ਼ੀ ਖਾਰਜ ਕਰ ਦਿਤੀ ਸੀ। ਉਨ੍ਹਾਂ ਕਿਹਾ ਕਿ ਇਹ ਕਹਿਣ ਦੀ ਲੋੜ ਨਹੀਂ ਹੈ ਕਿ ਭਾਰਤ ਦੇ ਸੰਵਿਧਾਨ ਦੀ ਧਾਰਾ 21 ਸੰਵਿਧਾਨ ਦੀ ਆਤਮਾ ਹੈ ਕਿਉਂਕਿ ਨਾਗਰਿਕਾਂ ਦੀ ਆਜ਼ਾਦੀ ਸਰਵਉੱਚ ਹੈ। ਕਿਸੇ ਨਾਗਰਿਕ ਦੀ ਆਜ਼ਾਦੀ ਨਾਲ ਜੁੜੇ ਕਿਸੇ ਮਾਮਲੇ 'ਤੇ ਤੇਜ਼ੀ ਨਾਲ ਫੈਸਲਾ ਨਾ ਕਰਨਾ ਅਤੇ ਮਾਮਲੇ ਨੂੰ ਕਿਸੇ ਨਾ ਕਿਸੇ ਲਈ ਮੁਲਤਵੀ ਕਰਨਾ ਵਿਅਕਤੀ ਨੂੰ ਭਾਰਤ ਦੇ ਸੰਵਿਧਾਨ ਦੀ ਧਾਰਾ 21 ਤਹਿਤ ਗਾਰੰਟੀਸ਼ੁਦਾ ਕੀਮਤੀ ਅਧਿਕਾਰ ਤੋਂ ਵਾਂਝਾ ਕਰ ਦੇਵੇਗਾ। ਬੈਂਚ ਨੇ ਕਿਹਾ ਕਿ ਉਸ ਨੂੰ ਬੰਬੇ ਹਾਈ ਕੋਰਟ ਵਿਚ ਕਈ ਮਾਮਲੇ ਸਾਹਮਣੇ ਆਏ ਹਨ ਜਿਥੇ ਜ਼ਮਾਨਤ ਅਤੇ ਅਗਾਊਂ ਜ਼ਮਾਨਤ ਅਰਜ਼ੀਆਂ 'ਤੇ ਤੇਜ਼ੀ ਨਾਲ ਫੈਸਲਾ ਨਹੀਂ ਕੀਤਾ ਜਾ ਰਿਹਾ ਹੈ। ਅਜਿਹੇ ਹੀ ਇਕ ਮਾਮਲੇ ਦਾ ਹਵਾਲਾ ਦਿੰਦੇ ਹੋਏ ਬੈਂਚ ਨੇ ਕਿਹਾ ਕਿ ਇਸ ਮਾਮਲੇ 'ਚ ਅਗਾਊਂ ਜ਼ਮਾਨਤ ਦੀ ਅਰਜ਼ੀ 'ਤੇ ਚਾਰ ਸਾਲ ਤੋਂ ਜ਼ਿਆਦਾ ਸਮੇਂ ਤੋਂ ਫੈਸਲਾ ਨਹੀਂ ਹੋਇਆ ਹੈ।

# ਅਸਮਾਨੀ ਬਿਜਲੀ ਡਿੱਗਣ ਨਾਲ 22 ਸਾਲਾਂ ਨੌਜਵਾਨ ਦੀ ਹੋਈ ਮੌਤ



**ਕਪੂਰਥਲਾ।** ਕਪੂਰਥਲਾ ਦੇ ਪਿੰਡ ਸਿੱਧਵਾਂ ਦੋਨਾ ਤੋਂ ਦੁਖਦਾਈ ਖਬਰ ਸਾਹਮਣੇ ਆਈ ਹੈ। ਇਥੇ ਖੇਤਾਂ ਵਿਚ ਕੰਮ ਕਰਦੇ ਸਮੇਂ ਇਕ ਨੌਜਵਾਨ ਦੀ ਦੀ ਅਸਮਾਨੀ ਬਿਜਲੀ ਡਿੱਗਣ ਕਾਰਨ ਮੌਤ ਹੋ ਗਈ ਹੈ। ਮ੍ਰਿਤਕ ਦੀ ਪਹਿਚਾਣ ਨੌਜਵਾਨ ਜਸਪ੍ਰੀਤ ਸਿੰਘ ਜੱਸੀ ਸਪੁੱਤਰ ਜਸਵੀਰ ਸਿੰਘ ਪਿੰਡ ਸਿੱਧਵਾਂ ਦੋਨਾ ਵਜੋਂ ਹੋਈ ਹੈ। ਜਾਣਕਾਰੀ ਦਿੰਦਿਆ ਭਰੇ ਮਨ ਨਾਲ ਲਵਪ੍ਰੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਨੌਜਵਾਨ ਜਸਪ੍ਰੀਤ ਸਿੰਘ ਜੱਸੀ ਸਪੁੱਤਰ ਜਸਵੀਰ ਸਿੰਘ ਪਿੰਡ ਸਿੱਧਵਾਂ ਦੋਨਾ ਆਪਣੇ ਖੇਤਾਂ ਵਿਚ ਆਲੂਆਂ ਦੀ ਪਟਾਈ ਦਾ ਕੰਮ ਕਰ ਰਿਹਾ ਸੀ ਕਿ ਅਚਾਨਕ ਮੌਸਮ ਖ਼ਰਾਬ ਹੋ ਗਿਆ ਤੇ ਉਹ ਆਲੂਆਂ ਦੀਆਂ ਢੇਰੀਆਂ ਨੂੰ ਢੱਕ ਰਿਹਾ ਸੀ ਕਿ ਅਚਾਨਕ ਜਸਪ੍ਰੀਤ ਸਿੰਘ 'ਤੇ ਬਿਜਲੀ ਡਿੱਗ ਗਈ। ਜਿਸ ਕਾਰਨ ਨੌਜਵਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ।

# ਪੰਜਾਬ ਦੇ ਕਈ ਇਲਾਕਿਆਂ ਵਿਚ ਹੋਈ ਗੜੇਮਾਰੀ; ਕਿਸਾਨਾਂ ਦੀ ਵਧੀ ਚਿੰਤਾ

**ਜਲੰਧਰ।** ਪੰਜਾਬ 'ਚ ਸ਼ੁੱਕਰਵਾਰ ਤੋਂ ਮੌਸਮ ਦਾ ਮਿਜ਼ਾਜ ਬਦਲ ਗਿਆ ਹੈ। ਸ਼ਨਿਚਰਵਾਰ ਨੂੰ ਕਈ ਜ਼ਿਲ੍ਹਿਆਂ ਵਿਚ ਭਾਰੀ ਮੀਂਹ ਅਤੇ ਗੜੇਮਾਰੀ ਵੀ ਹੋਈ। ਇਸ ਦੌਰਾਨ ਪੂਰਾ ਦਿਨ ਤੇਜ਼ ਹਵਾਵਾਂ ਵੀ ਚੱਲਦੀਆਂ ਰਹੀਆਂ। ਕਈ ਇਲਾਕਿਆਂ ਵਿਚ ਹੋਈ ਗੜੇਮਾਰੀ ਕਾਰਨ ਫਸਲਾਂ ਦਾ ਕਾਫੀ ਨੁਕ-ਸਾਨ ਹੋਣ ਦਾ ਖਦਸ਼ਾ ਹੈ।ਮੌਸਮ ਵਿਭਾਗ ਦੀ ਤਾਜ਼ਾ ਭਵਿੱਖਬਾਣੀ ਅਨੁਸਾਰ ਲੁਧਿਆਣਾ, ਜਲੰਧਰ, ਕਪੂਰਥਲਾ, ਸ਼ਹੀਦ ਭਗਤ ਸਿੰਘ ਨਗਰ, ਹੁਸ਼ਿਆਰਪੁਰ, ਵਿਚ ਬਿਜਲੀ ਅਤੇ ਗੜੇਮਾਰੀ ਦੇ ਨਾਲ ਗੰਭੀਰ ਤੂਫਾਨ (ਹਵਾ ਦੀ ਗਤੀ 60-70 ਕਿਲੋਮੀਟਰ) ਦੀ ਸੰਭਾਵਨਾ ਹੈ। ਇਸ ਦੌਰਾਨ ਬਠਿੰਡਾ ਦੇ ਪਿੰਡ ਭਗਤ ਭਾਈ ਕਾ ਵਿਖੇ ਤੇਜ਼ ਹਨੇਰੀ ਕਾਰਨ ਇਕ ਟਰੈਕਟਰ ਟਰਾਲੀ ਵੀ ਪਲਟ ਗਈ। ਜਿਸ 'ਚ 6 ਲੋਕ ਜ਼ਖਮੀ ਹੋ ਗਏ। ਇਨ੍ਹਾਂ 'ਚੋਂ 2 ਜ਼ਖਮੀਆਂ ਨੂੰ ਬਠਿੰਡਾ ਦੇ ਸਿਵਲ ਹਸਪਤਾਲ 'ਚ ਰੈਫਰ ਕਰ ਦਿਤਾ ਗਿਆ। ਸ਼ਹਿਰ ਦੇ ਵੱਖ-ਵੱਖ ਪਿੰਡਾਂ 'ਚ ਭਾਰੀ ਗੜੇਮਾਰੀ ਹੋਈ ਹੈ। ਮੌਸਮ ਵਿਭਾਗ ਨੇ ਅੱਜ ਕਈ ਜ਼ਿਲ੍ਹਿਆਂ ਲਈ ਆਰੇਂਜ ਅਲਰਟ ਜਾਰੀ ਕੀਤਾ ਸੀ। ਗੜੇਮਾਰੀ ਕਾਰਨ ਫਸਲਾਂ ਦੇ ਹੋਏ ਨੁਕਸਾਨ ਕਾਰਨ ਕਿਸਾਨਾਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਨੁਕ-ਸਾਨ ਦਾ ਜਾਇਜ਼ਾ ਲਿਆ ਜਾਵੇ ਅਤੇ ਯੋਗ



ਮੁਆਵਜ਼ਾ ਦਿਤਾ ਜਾਵੇ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਆਗੂ ਜਗਸੀਰ ਸਿੰਘ ਝੁੰਬਾ ਨੇ ਕਿਹਾ ਕਿ ਗੜੇਮਾਰੀ ਕਾਰਨ ਕਿਸਾਨਾਂ ਦਾ ਭਾਰੀ ਨੁਕਸਾਨ ਹੋਇਆ ਹੈ। ਪੰਜਾਬ ਸਰਕਾਰ ਨੁਕਸਾਨ ਦਾ ਜਾਇਜ਼ਾ ਲੈ ਕੇ ਕਿਸਾਨਾਂ ਨੂੰ ਢੁਕਵਾਂ ਮੁਆਵਜ਼ਾ ਦੇਵੇ। ਮੌਸਮ ਵਿਭਾਗ ਨੇ ਭਵਿੱਖਬਾਣੀ ਕੀਤੀ ਹੈ ਕਿ ਮਾਰਚ ਦਾ ਮਹੀਨਾ ਉੱਤਰੀ ਭਾਰਤ ਵਿਚ ਠੰਢਾ ਰਹੇਗਾ। ਇਸ ਦੇ ਨਾਲ ਹੀ ਬਾਰਸ਼ ਆਮ ਨਾਲੋਂ ਘੱਟ ਹੋ ਸਕਦੀ ਹੈ। ਚੰਡੀਗੜ੍ਹ ਸਮੇਤ ਹਰਿਆਣਾ ਦੇ 13 ਜ਼ਿਲ੍ਹਿਆਂ ਵਿਚ ਆਰੇਂਜ ਅਲਰਟ ਜਾਰੀ ਹੈ। ਅੰਬਾਲਾ, ਯਮੁਨਾਨਗਰ, ਕੁਰੂਕਸ਼ੇਤਰ, ਕੈਥਲ, ਕਰਨਾਲ, ਜੀਂਦ, ਪਾਣੀਪਤ, ਸੋਨੀਪਤ, ਰੋਹਤਕ, ਹਿਸਾਰ, ਫਤਿਹਾਬਾਦ, ਸਿਰਸਾ ਅਤੇ ਝੱਜਰ ਵਿਚ ਮੀਂਹ ਅਤੇ ਤੇਜ਼ ਹਵਾਵਾਂ ਚੱਲਣ ਦੀ ਸੰਭਾਵਨਾ ਹੈ। ਜਦਕਿ ਬਾਕੀ ਜ਼ਿਲ੍ਹਿਆਂ ਲਈ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ।

# ਲੁਧਿਆਣਾ 'ਚ ਨਾਬਾਲਿਗ ਲੜਕੀ ਨਾਲ ਬਲਾਤਕਾਰ

**ਲੁਧਿਆਣਾ।** ਪੰਜਾਬ ਦੇ ਲੁਧਿਆਣਾ ਵਿੱਚ ਇੱਕ ਨਾਬਾਲਿਗ ਲੜਕੀ ਨਾਲ ਬਲਾਤਕਾਰ ਦਾ ਮਾਮਲਾ ਸਾਹਮਣੇ ਆਇਆ ਹੈ। ਦੋਸ਼ ਹੈ ਕਿ ਨੌਜਵਾਨ ਉਸ ਨੂੰ ਬਹਿਲਾ ਫੁਸਲਾ ਕੇ 24 ਅਕਤੂਬਰ 2023 ਨੂੰ ਆਪਣੇ ਨਾਲ ਹੋਟਲ ਦੇ ਕਮਰੇ ਵਿਚ ਲੈ ਗਿਆ। ਉਥੇ ਉਸ ਨਾਲ ਸਰੀਰਕ ਸਬੰਧ ਬਣਾਏ। ਬਲਾਤਕਾਰ ਦਾ ਦੋਸ਼ੀ ਸ਼ਾਦੀਸ਼ੁਦਾ ਹੈ ਅਤੇ ਇੱਕ ਬੱਚੇ ਦਾ ਪਿਤਾ ਹੈ। ਥਾਣਾ ਲਾਡੋਵਾਲ ਦੀ ਪੁਲਸ ਨੇ ਮੁਲਜ਼ਮ ਮਨਪ੍ਰੀਤ ਸਿੰਘ ਵਾਸੀ ਮਾਜਰਾ ਖੁਰਦ ਦੇ ਖ਼ਿਲਾਫ਼ ਧਾਰਾ 406,376,4 ਪੋਕਸੋ ਐਕਟ ਤਹਿਤ ਕੇਸ ਦਰਜ ਕਰ ਲਿਆ ਹੈ। ਪੀੜ੍ਹਤ ਲੜਕੀ ਨੇ ਪੁਲਿਸ ਨੂੰ ਦੱਸਿਆ ਕਿ ਮੁਲਜ਼ਮ ਮਨਪ੍ਰੀਤ ਦੀ ਵੈਲਡਿੰਗ ਦੀ ਦੁਕਾਨ ਹੈ। ਉਸ ਨਾਲ ਪਹਿਲਾਂ ਹੀ ਚੰਗੀ ਜਾਣ-ਪਛਾਣ ਸੀ। ਉਸ



ਨੂੰ ਭਰੋਸੇ ਵਿੱਚ ਲਿਆ ਗਿਆ। ਕਰੀਬ 5 ਮਹੀਨੇ ਪਹਿਲਾਂ ਉਹ ਉਸ ਨੂੰ ਆਪਣੇ ਨਾਲ ਹੋਟਲ ਲੈ ਗਿਆ। ਉਥੇ ਕਮਰਾ ਬੁੱਕ ਕਰਵਾਇਆ। ਉਸ ਨੂੰ ਕਮਰੇ ਵਿੱਚ ਲਿਜਾ ਕੇ ਉਸ ਨਾਲ ਜ਼ਬਰਦਸਤੀ ਸਰੀਰਕ ਸਬੰਧ ਬਣਾਏ। ਲੜਕੀ ਮੁਤਾਬਕ ਜਦੋਂ ਉਸ ਨੇ ਰੌਲਾ ਪਾਇਆ ਤਾਂ ਮੁਲਜ਼ਮ ਨੇ ਉਸ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦੇਣੀਆਂ ਸ਼ੁਰੂ ਕਰ ਦਿੱਤੀਆਂ। ਕਰੀਬ 5 ਮਹੀਨੇ ਬਾਅਦ ਵੀ ਜਦੋਂ ਮੁਲਜ਼ਮ ਉਸ ਨੂੰ ਧਮਕੀਆਂ ਦੇਣ ਲੱਗਾ ਤਾਂ ਉਸ ਨੇ ਸਾਰੀ ਘਟਨਾ ਆਪਣੇ ਪਰਿਵਾਰ ਨੂੰ ਦੱਸੀ।

# ਜਲੰਧਰ ਵਿੱਚ ਇਕ ਘਰ 'ਚ ਲੱਗੀ ਭਿਆਨਕ ਅੱਗ

**ਜਲੰਧਰ।** ਜਲੰਧਰ ਦੇ ਰਿਹਾਇਸ਼ੀ ਖੇਤਰ ਕਾਲਾ ਸਿੰਘਾ ਰੋਡ, ਘਾਸ ਮੰਡੀ ਨੇੜੇ ਇੱਕ ਘਰ ਵਿੱਚ ਭਿਆਨਕ ਅੱਗ ਲੱਗ ਗਈ। ਫਾਇਰ ਬ੍ਰਿਗੇਡ ਦੀਆਂ ਟੀਮਾਂ ਨੇ ਕਰੀਬ ਇਕ ਘੰਟੇ ਦੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ। ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਅੱਗ ਸ਼ਾਰਟ ਸਰਕਟ ਕਾਰਨ ਲੱਗੀ ਹੈ। ਖੁਸ਼ਕਿਸਮਤੀ ਰਹੀ ਕਿ ਇਸ ਘਟਨਾ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਇਸ ਦੇ ਨਾਲ ਹੀ ਅੰਦਰ ਪਿਆ ਕਾਫ਼ੀ ਸਾਮਾਨ ਸੜ ਗਿਆ।ਪ੍ਰਾਪਤ ਜਾਣਕਾਰੀ ਅਨੁਸਾਰ ਘਰ ਦੇ ਸਾਹਮਣੇ ਪੇਂਟ ਦੀ ਫੈਕਟਰੀ ਹੈ। ਉਕਤ ਮਕਾਨ ਉਸੇ ਫੈਕਟਰੀ ਮਾਲਕ ਦਾ ਦੱਸਿਆ ਜਾਂਦਾ ਹੈ। ਜਿਸ ਨੂੰ ਉਹ ਗੁਦਾਮ ਵਜੋਂ ਵਰਤਦਾ ਸੀ। ਅੱਗ ਲੱਗਣ ਬਾਰੇ ਸਭ ਤੋਂ ਪਹਿਲਾਂ ਮੁਹੱਲਾ ਵਾਸੀਆਂ ਨੂੰ ਪਤਾ ਲੱਗਾ। ਜਿਸ ਤੋਂ ਬਾਅਦ ਉਸ ਨੇ ਤੁਰੰਤ ਮਾਲਕ ਨੂੰ ਸਾਰੀ ਘਟਨਾ ਦੀ ਜਾਣਕਾਰੀ ਦਿੱਤੀ। ਘਰ ਦੇ ਉਪਰੋਂ ਕਾਲਾ ਧੂੰਆਂ ਉੱਠਦਾ ਦੇਖ ਕੇ ਤੁਰੰਤ ਫ਼ਾਇਰ ਬ੍ਰਿਗੇਡ ਦੀ ਟੀਮ ਨੂੰ ਇਸ ਦੀ ਸੂਚਨਾ ਦਿੱਤੀ ਗਈ। ਘਟਨਾ ਦਾ ਪਤਾ ਲੱਗਦਿਆਂ ਹੀ ਪੂਰੇ ਇਲਾਕੇ 'ਚ ਹਫੜਾ-ਦਫੜੀ ਮਚ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਸ਼ਨੀਵਾਰ ਸਵੇਰੇ ਕਰੀਬ 11.40 ਵਜੇ ਫ਼ਾਇਰ ਬ੍ਰਿਗੇਡ ਦੇ ਕੰਟਰੋਲ ਰੂਮ ਵਿੱਚ ਇਸ ਮਾਮਲੇ ਦੀ ਸੂਚਨਾ ਦਿੱਤੀ ਗਈ। ਸੂਚਨਾ ਮਿਲਣ ਤੋਂ 10 ਮਿੰਟ ਬਾਅਦ ਫ਼ਾਇਰ ਬ੍ਰਿਗੇਡ ਦੀਆਂ ਟੀਮਾਂ ਮੌਕੇ 'ਤੇ ਪਹੁੰਚ ਗਈਆਂ।

# 'ਰੈਟ-ਹੋਲ' ਮਾਈਨਰ ਹਸਨ ਨੇ ਦਿੱਲੀ ਦੇ ਦਿਲਸ਼ਾਦ ਗਾਰਡਨ 'ਚ ਮਕਾਨ ਦੀ ਇਕ ਹੋਰ ਪੇਸ਼ਕਸ਼ ਠੁਕਰਾਈ

**ਨਵੀਂ ਦਿੱਲੀ।** ਦਿੱਲੀ ਦੇ ਦਿਲਸ਼ਾਦ ਗਾਰਡਨ 'ਚ ਅਪਣਾ ਮਕਾਨ ਗੁਆ ਚੁੱਕੇ 'ਰੈਟ-ਹੋਲ' ਮਾਈਨਰ ਵਕੀਲ ਹਸਨ ਨੇ ਅਧਿਕਾਰੀਆਂ ਵਲੋਂ ਦਿਲਸ਼ਾਦ ਗਾਰਡਨ 'ਚ ਮਕਾਨ (2-ਬੀ.ਐਚ.ਕੇ. ਐਮ.ਆਈ.ਜੀ. ਫਲੈਟ) ਮੁਹੱਈਆ ਕਰਵਾਉਣ ਦੀ ਅਧਿਕਾਰੀਆਂ ਦੀ ਇਕ ਹੋਰ ਪੇਸ਼ਕਸ਼ ਨੂੰ ਰੱਦ ਕਰ ਦਿਤਾ ਗਿਆ ਹੈ। ਹਸਨ ਨੇ ਸਨਿਚਰਵਾਰ ਨੂੰ ਪੀ.ਟੀ.ਆਈ. ਨੂੰ ਇਹ ਜਾਣਕਾਰੀ ਦਿਤੀ। ਹਸਨ ਨੇ ਕਿਹਾ, ''ਸ਼ੁਕਰਵਾਰ ਰਾਤ ਨੂੰ ਇਕ ਐਸ.ਡੀ.ਐਮ. ਸਮੇਤ ਚਾਰ ਸਰਕਾਰੀ ਅਧਿਕਾਰੀ ਆਏ ਅਤੇ ਮੈਨੂੰ ਦਿਲਸ਼ਾਦ ਗਾਰਡਨ 'ਚ ਰਿਹਾਇਸ਼ ਦੀ ਪੇਸ਼ਕਸ਼ ਕੀਤੀ, ਪਰ ਮੈਂ ਇਸ ਨੂੰ ਮਨਜ਼ੂਰ ਕਰਨ ਤੋਂ ਇਨਕਾਰ ਕਰ ਦਿਤਾ ਕਿਉਂਕਿ ਉਹ ਚਾਹੁੰਦੇ ਸਨ ਕਿ ਮੈਂ ਅਸਥਾਈ ਤੌਰ 'ਤੇ ਉੱਥੇ ਸ਼ਿਫਟ ਹੋਵਾਂ।'' ਉਨ੍ਹਾਂ ਕਿਹਾ, ''ਇਹ ਲਿਖਤੀ ਰੂਪ 'ਚ ਵੀ ਨਹੀਂ ਸੀ। ਇਹ ਘਰ ਇਕ ਐਨ.ਜੀ.ਓ. (ਗੈਰ-ਸਰਕਾਰੀ ਸੰਗਠਨ) ਦਾ ਹੈ।'' ਢਾਹੁਣ ਦੇ ਕੁੱਝ ਘੰਟਿਆਂ ਬਾਅਦ ਦਿੱਲੀ ਵਿਕਾਸ ਅਥਾਰਟੀ (ਡੀ.ਡੀ.ਏ.) ਦੇ ਅਧਿਕਾਰੀਆਂ ਨੇ ਹਸਨ ਨੂੰ ਉੱਤਰ-ਪੂਰਬੀ ਦਿੱਲੀ ਦੇ ਖਜੂਰੀ ਖਾਸ ਤੋਂ ਦੂਰ ਨਰੇਲਾ 'ਚ ਇਕ ਈ.ਡਬਲਯੂ.ਐਸ. (ਆਰਥਕ ਤੌਰ 'ਤੇ ਕਮਜ਼ੋਰ ਵਰਗ) ਫਲੈਟ 'ਚ ਰਹਿਣ ਦੀ ਪੇਸ਼ਕਸ਼ ਕੀਤੀ। ਹਸਨ ਨੇ ਇਸ ਨੂੰ ਖਾਰਜ ਕਰਦਿਆਂ ਕਿਹਾ ਕਿ ਇਹ 'ਦੂਰ ਅਤੇ ਅਸੁਰੱਖਿਅਤ' ਹੈ। ਡੀ.ਡੀ.ਏ. ਨੇ ਇਕ ਬਿਆਨ ਵਿਚ ਕਿਹਾ, ''ਰੈਟ ਹੋਲ ਮਾਈਨਰ ਵਕੀਲ ਹਸਨ ਨੇ ਹੁਣ ਦਿਲਸ਼ਾਦ ਗਾਰਡਨ ਵਿਚ ਡੀ.ਡੀ.ਏ. ਐਮ.ਆਈ.ਜੀ. ਫਲੈਟ ਲੈਣ ਤੋਂ ਇਨਕਾਰ ਕਰ ਦਿਤਾ ਹੈ, ਜੋ ਉਸ ਦੀ ਰਿਹਾਇਸ਼ ਦੇ ਨੇੜੇ ਸੀ, ਜਿਸ ਦੀ ਸਰਕਾਰੀ ਜ਼ਮੀਨ 'ਤੇ ਨਾਜਾਇਜ਼ ਉਸਾਰੀ ਨੂੰ ਦਿੱਲੀ ਵਿਕਾਸ ਅਥਾਰਟੀ (ਡੀ.ਡੀ.ਏ.) ਨੇ 28 ਫ਼ਰਵਰੀ, 2024 ਨੂੰ ਢਾਹ ਦਿਤਾ ਸੀ।'' ਬਿਆਨ ਵਿਚ ਕਿਹਾ ਗਿਆ ਹੈ ਕਿ ਦਿੱਲੀ ਦੇ ਉਪ ਰਾਜਪਾਲ ਵੀਕੇ ਸਕਸੈਨਾ ਨੇ ਇਕ ਵਿਸ਼ੇਸ਼ ਉਪਾਅ ਵਜੋਂ ਡੀ.ਡੀ.ਏ. ਨੂੰ ਹਸਨ ਨੂੰ ਬਦਲਵਾਂ ਰਿਹਾਇਸ਼ ਮੁਫਤ ਮੁਹੱਈਆ ਕਰਵਾਉਣ ਲਈ ਕਿਹਾ ਸੀ। ਬਿਆਨ ਵਿਚ ਕਿਹਾ ਗਿਆ ਹੈ ਕਿ ਉਪ ਰਾਜਪਾਲ ਨੇ ਇਸ ਤੱਥ ਦੇ ਬਾਵਜੂਦ ਅਜਿਹਾ ਕੀਤਾ ਕਿ ਢਾਹਿਆ ਗਿਆ ਢਾਂਚਾ ਗੈਰ-ਕਾਨੂੰਨੀ ਅਤੇ ਅਣਅਧਿਕਾਰਤ ਸੀ ਅਤੇ ਡੀ.ਡੀ.ਏ. ਨੇ ਜਨਤਕ ਜ਼ਮੀਨ 'ਤੇ ਦਾਅਵਾ ਕਰਨ ਲਈ ਕਾਨੂੰਨੀ ਕਦਮ ਚੁਕੇ ਸਨ। ਇਹ ਪੁੱਛੇ ਜਾਣ 'ਤੇ ਕਿ ਉਹ ਦੂਜੇ ਪ੍ਰਸਤਾਵ ਨੂੰ ਕਿਉਂ ਰੱਦ ਕਰ ਰਹੇ ਹਨ ਕਿਉਂਕਿ ਦਿਲਸ਼ਾਦ ਗਾਰਡਨ ਦੂਰ-ਦੁਰਾਡੇ ਨਰੇਲਾ ਦੇ ਸਾਹ-ਮਣੇ ਖਜੂਰਖਾਸ ਨੇੜੇ ਸਥਿਤ ਹੈ, ਹਸਨ ਨੇ ਕਿਹਾ ਕਿ ਡੀ.ਡੀ.ਏ. ਵਲੋਂ ਢਾਹੇ ਗਏ ਉਨ੍ਹਾਂ ਦੇ ਘਰ ਦੀ ਕੀਮਤ ਇਕ ਕਰੋੜ ਰੁਪਏ ਤੋਂ ਵੱਧ ਹੈ ਅਤੇ ਜੇਕਰ ਸਰਕਾਰ ਮੁਆਵਜ਼ਾ ਦੇਣਾ ਚਾਹੁੰਦੀ ਹੈ ਤਾਂ ਇਹ ਮਕਾਨ ਦੀ ਕੀਮਤ ਦੇ ਬਰਾਬਰ ਹੋਣੀ ਚਾਹੀਦੀ ਹੈ। ਹਸਨ ਨੇ ਦਾਅਵਾ ਕੀਤਾ ਸੀ ਕਿ ਉਹ ਕਈ ਸਾਲਾਂ ਤੋਂ ਖਜੂਰੀ ਖਾਸ 'ਚ ਰਹਿ ਰਿਹਾ ਸੀ ਅਤੇ ਬੁਧਵਾਰ ਨੂੰ ਡੀ.ਡੀ.ਏ. ਵਲੋਂ ਢਾਹੁਣ ਦੀ ਮੁਹਿੰਮ 'ਚ ਅਪਣਾ ਘਰ



ਗੁਆ ਬੈਠਾ ਸੀ। ਉਹ ਅਪਣੀ ਪਤਨੀ ਅਤੇ ਦੋ ਬੱਚਿਆਂ ਨਾਲ ਫੁੱਟਪਾਥ 'ਤੇ ਹੈ ਅਤੇ ਮੁਹਿੰਮ ਦਾ ਵਿਰੋਧ ਪ੍ਰਦਰਸ਼ਨ ਕਰ ਰਿਹਾ ਹੈ। ਸਨਿਚਰਵਾਰ ਨੂੰ ਦਿੱਲੀ 'ਚ ਮੀਂਹ ਦੌਰਾਨ ਉਨ੍ਹਾਂ ਨੇ ਇਕ ਵੀਡੀਉ ਬਣਾ ਕੇ ਲੋਕਾਂ ਨੂੰ ਉਨ੍ਹਾਂ ਦਾ ਸਮਰਥਨ ਕਰਨ ਦੀ ਅਪੀਲ ਕੀਤੀ। ਉਨ੍ਹਾਂ ਦਸਿਆ ਕਿ ਉਸ ਦਾ ਘਰੇਲੂ ਸਾਮਾਨ ਮੀਂਹ 'ਚ ਖੁੱਲ੍ਹੇ 'ਚ ਪਿਆ ਸੀ। ਉਨ੍ਹਾਂ ਕਿਹਾ, ''ਅੱਜ ਮੇਰੇ ਵਿਰੋਧ ਪ੍ਰਦਰਸ਼ਨ ਦਾ ਤੀਜਾ ਦਿਨ ਹੈ ਜੋ ਉਦੋਂ ਤਕ ਜਾਰੀ ਰਹੇਗਾ ਜਦੋਂ ਤਕ ਸਾਨੂੰ ਸਰਕਾਰ ਤੋਂ ਕੋਈ ਹੱਲ ਨਹੀਂ ਮਿਲ ਜਾਂਦਾ।'' ਹਸਨ ਨੇ ਦਸਿਆ ਕਿ ਉਨ੍ਹਾਂ ਨੇ 2012-13 'ਚ ਇਕ ਵਿਅਕਤੀ ਤੋਂ 33 ਲੱਖ ਰੁਪਏ 'ਚ ਇਹ ਪਲਾਟ ਖਰੀਦਿਆ ਸੀ। ਉਨ੍ਹਾਂ ਕਿਹਾ, ''ਪਲਾਟ ਖਰੀਦਣ ਤੋਂ ਬਾਅਦ, ਮੈਂ ਕਮਰੇ ਬਣਾਉਣ ਲਈ ਲਗਭਗ ਅੱਠ ਲੱਖ ਰੁਪਏ ਖਰਚ ਕੀਤੇ ਅਤੇ ਡੀ.ਡੀ.ਏ. ਸਟਾਫ ਨੂੰ ਪੈਸੇ ਵੀ ਦਿਤੇ। ਮੇਰੇ ਘਰ ਦੀ ਕੀਮਤ ਹੁਣ 1 ਕਰੋੜ ਰੁਪਏ ਨੂੰ ਪਾਰ ਕਰ ਗਈ ਹੈ।'' ਹਸਨ ਦੇ ਢਾਹੇ ਗਏ ਮਕਾਨ ਦੇ ਨੇੜੇ ਖਜੂਰੀ ਖਾਸ ਦੇ ਉਸੇ ਇਲਾਕੇ 'ਚ ਰਹਿਣ ਵਾਲੇ ਵੀਰ ਦੇਵ ਕੌਸ਼ਿਕ ਨੇ ਕਿਹਾ ਕਿ ਇਸ ਖੇਤਰ ਨੂੰ ਦਿੱਲੀ ਸਰਕਾਰ ਨੇ ਕਈ ਸਾਲ ਪਹਿਲਾਂ ਨਿਯਮਤ ਕੀਤਾ ਸੀ, ਜਿਸ ਤੋਂ ਬਾਅਦ ਉਸ ਨੇ ਅਤੇ ਕਈ ਹੋਰਾਂ ਨੇ ਪਲਾਟ ਖਰੀਦਣ ਲਈ ਪੈਸੇ ਦਾ ਨਿਵੇਸ਼ ਕੀਤਾ ਸੀ। ਉੱਤਰ ਪ੍ਰਦੇਸ਼ ਦੇ ਸਿਹਤ ਵਿਭਾਗ ਦੇ ਸਰਕਾਰੀ ਅਧਿਕਾਰੀ ਕੌਸ਼ਿਕ ਨੇ ਕਿਹਾ, ''ਹਸਨ ਨੇ ਵੀ ਇੱਥੇ ਨਿਵੇਸ਼ ਕੀਤਾ ਸੀ ਅਤੇ ਇਕ ਪਲਾਟ ਖਰੀਦਿਆ ਸੀ। ਪਰ ਭ੍ਰਿਸ਼ਟ ਡੀ.ਡੀ.ਏ. ਅਧਿਕਾਰੀ ਅਜੇ ਵੀ ਉਨ੍ਹਾਂ ਨੂੰ ਹੋਰ ਪੈਸੇ ਲੈਣ ਲਈ ਪਰੇਸ਼ਾਨ ਕਰ ਰਹੇ ਸਨ ਅਤੇ ਜਦੋਂ ਉਨ੍ਹਾਂ ਨੇ ਇਹ ਨਹੀਂ ਦਿਤਾ ਤਾਂ ਉਨ੍ਹਾਂ ਦਾ ਘਰ ਢਾਹ ਦਿਤਾ ਗਿਆ।'' ਹਸਨ ਉਨ੍ਹਾਂ ਮਜ਼ਦੂਰਾਂ ਦੀ ਟੀਮ ਦਾ ਹਿੱਸਾ ਸਨ, ਜਿਨ੍ਹਾਂ ਨੇ ਪਿਛਲੇ ਸਾਲ ਨਵੰਬਰ 'ਚ ਉਤਰਾਖੰਡ ਦੇ ਉੱਤਰਕਾਸ਼ੀ ਜ਼ਿਲ੍ਹੇ 'ਚ ਸਿਲਕੀਆਰਾ ਸੁਰੰਗ 'ਚ ਫਸੇ 41 ਉਸਾਰੀ ਕਾਮਿਆਂ ਨੂੰ ਹੱਥ ਨਾਲ ਮਲਬੇ 'ਚੋਂ ਕੱਢ ਕੇ ਬਚਾਇਆ ਸੀ। ਹਸਨ ਨੇ ਵੀਰਵਾਰ ਨੂੰ ਪੀ.ਟੀ.ਆਈ. ਨੂੰ ਦਸਿਆ ਕਿ ਡੀ.ਡੀ.ਏ. ਅਧਿਕਾਰੀਆਂ ਨੇ ਕਿਹਾ ਸੀ ਕਿ ਉਨ੍ਹਾਂ ਨੂੰ ਮਕਾਨ ਮੁਹੱਈਆ ਕਰਵਾਇਆ ਜਾਵੇਗਾ ਪਰ ਉਨ੍ਹਾਂ ਨੇ ਇਸ ਪੇਸ਼ਕਸ਼ ਨੂੰ ਠੁਕਰਾ ਦਿਤਾ ਕਿਉਂਕਿ ਇਹ ਸਿਰਫ ਜ਼ੁਬਾਨੀ ਭਰੋਸਾ ਸੀ। ਬਾਅਦ 'ਚ ਉਨ੍ਹਾਂ ਨੇ ਮੰਗ ਕੀਤੀ ਕਿ ਉਨ੍ਹਾਂ ਦਾ ਮਕਾਨ ਉਸ ਜਗ੍ਹਾ 'ਤੇ ਦੁਬਾਰਾ ਬਣਾਇਆ ਜਾਵੇ, ਜਿੱਥੇ ਇਹ ਖੜਾ ਸੀ ਅਤੇ ਧਮਕੀ ਦਿਤੀ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਉਹ ਭੁੱਖ ਹੜਤਾਲ 'ਤੇ ਚਲੇ ਜਾਣਗੇ।

for more news visit:
www.worldpunjabinews.com

ਵਰਲਡ ਪੰਜਾਬੀ ਨਿਊਜ਼ ਅਦਾਰੇ ਨੂੰ ਪੰਜਾਬ ਦੇ ਵੱਖ-ਵੱਖ ਸ਼ਹਿਰਾਂ/ਜ਼ਿਲਿਆਂ ਵਿਚ ਪਤਰਕਾਰਾਂ ਦੀ ਲੋੜ ਹੈ। ਸੰਪਰਕ ਕਰੋ:
Mob: 98159-53539

ਵਰਲਡ ਪੰਜਾਬੀ ਨਿਊਜ਼ ਵਿੱਚ ਪ੍ਰਕਾਸ਼ਿਤ ਹੋਣ ਵਾਲੇ ਲੇਖ ਅਤੇ ਰਚਨਾਵਾਂ ਲੇਖਕਾਂ ਦੇ ਨਿੱਜੀ ਵਿਚਾਰ ਹੋ ਸਕਦੇ ਹਨ। ਇਹਨਾਂ ਨਾਲ ਸੰਪਾਦਕ ਅਤੇ ਵਰਲਡ ਪੰਜਾਬੀ ਨਿਊਜ਼ ਅਦਾਰੇ ਦਾ ਸਹਿਮਤ ਹੋਣਾ ਜਰੂਰੀ ਨਹੀਂ ਹੈ- ਸੰਪਾਦਕ ਵਰਲਡ ਪੰਜਾਬੀ ਨਿਊਜ਼ ਵਿੱਚ ਪ੍ਰਕਾਸ਼ਿਤ ਹੋਣ ਵਾਲੇ ਵਿਗਿਆਪਨਾਂ ਦੀ ਪਰਖ ਪਾਠਕ ਆਪਣੇ ਪੱਧਰ 'ਤੇ ਕਰਨ। ਵਰਲਡ ਪੰਜਾਬੀ ਨਿਊਜ਼ ਅਦਾਰਾ ਇਹਨਾਂ ਪ੍ਰਤੀ ਜਿੰਮੇਵਾਰ ਨਹੀਂ ਹੋਵੇਗਾ- **ਸੰਪਾਦਕ**